ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ

## ਵੱਧ ਨਮੀ ਵਾਲੇ ਝੋਨੇ ਦੀ ਮੰਡੀ ਵਿੱਚ ਨਾ ਲੱਗਣ ਦਿੱਤੀ ਜਾਵੇ ਢੇਰੀ-ਈਸ਼ਾ ਕਾਲੀਆ

## ਅਨਾਜ ਮੰਡੀ ਤੇ ਫੋਕਲ ਪੁਆਇੰਟਾਂ ਦਾ ਦੌਰਾ ਕਰਕੇ ਪ੍ਰਬੰਧਾਂ ਦਾ ਲਿਆ ਜਾਇਜ਼ਾ

## ਝੋਨੇ ਦੀ ਖਰੀਦ ਦੌਰਾਨ ਕਿਸਾਨਾਂ ਨੂੰ ਨਾ ਆਉਣ ਦਿੱਤੀ ਜਾਵੇ ਮੁਸ਼ਕਿਲ

## ਅਧਿਕਾਰੀਆਂ, ਨੁਮਾਇੰਦਿਆਂ ਤੇ ਕਿਸਾਨਾਂ ਨਾਲ ਕੀਤੀ ਮੀਟਿੰਗ

## ਸੁੱਕਾ ਝੋਨਾ ਮੰਡੀਆਂ ਵਿਚ ਲਿਆਉਣ ਦੀ ਕੀਤੀ ਅਪੀਲ

## ਪਰਾਲੀ ਨੂੰ ਅੱਗ ਨਾ ਲਾਉਣ ਲਈ ਵੀ ਕਿਹਾ

ਫਾਜ਼ਿਲਕਾ 5 ਅਕਤੂਬਰ

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਵੱਲੋਂ ਤਹਿਸੀਲ ਜਲਾਲਾਬਾਦ ਦੀ ਅਨਾਜ ਮੰਡੀ ਤੇ ਰੋਡ 'ਤੇ ਪੈਂਦੇ ਫੋਕਲ ਪੁਆਇੰਟਾਂ ਦਾ ਦੌਰਾ ਕਰਕੇ ਝੋਨੇ ਦੀ ਚੱਲ ਰਹੀ ਖਰੀਦ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਵੱਧ ਨਮੀ ਵਾਲਾ ਝੋਨਾ ਨਾ ਹੀ ਮੰਡੀ ਵਿੱਚ ਆਉਣ ਦਿੱਤਾ ਜਾਵੇ ਤੇ ਨਾ ਹੀ ਮੰਡੀ ਵਿੱਚ ਢੇਰੀ ਲਗਾਉਣ ਦਿੱਤਾ ਜਾਵੇ। ਉਨ੍ਹਾਂ ਕਿਸਾਨਾਂ ਨੂੰ ਵਿਸ਼ਵਾਸ਼ ਦਵਾਇਆ ਕਿ ਅਨਾਜ ਮੰਡੀਆਂ ਵਿੱਚ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਉਨ੍ਹਾਂ ਵੱਲੋਂ ਕਿਸਾਨਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਤੇ ਉਨ੍ਹਾਂ ਕੋਲੋ ਕੀਮਤੀ ਸੁਝਾਅ ਵੀ ਲਏ ਗਏ।

ਦੌਰੇ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅਨਾਜ ਮੰਡੀ ਜਲਾਲਾਬਾਦ ਤੇ ਫੋਕਲ ਪੁਆਇੰਟ ਮੰਡੀ ਲਾਧੂਕਾ ਤੇ ਘੁਬਾਇਟਾ ਵਿਚ ਝੋਨੇ ਦੀ ਖਰੀਦ ਨੂੰ ਲੈ ਕੇ ਸਾਰੇ ਪ੍ਰਬੰਧ ਮੁਕੰਮਲ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਕਿਸਾਨਾਂ ਨੂੰ ਝੋਨੇ ਦੀ ਖਰੀਦ ਲਈ ਕਿਸੇ ਤਰ੍ਹਾਂ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਲੈ ਕੇ ਆਉਣ ਤਾਂ ਜੋ ਝੋਨਾ ਵੇਚਣ ਲਈ ਕਿਸੇ ਤਰ੍ਹਾਂ ਦੀ ਕੋਈ ਦਿੱਕਤ ਪੇਸ਼ ਨਾ ਆਵੇ।

ਇਸ ਉਪਰੰਤ ਡਿਪਟੀ ਕਮਿਸ਼ਨਰ ਵੱਲੋਂ ਮਾਰਕਿਟ ਕਮੇਟੀ ਜਲਾਲਾਬਾਦ ਦੇ ਦਫਤਰ ਵਿੱਚ ਵੱਖ-ਵੱਖ ਏਜੰਸੀਆਂ ਦੇ ਅਧਿਕਾਰੀਆਂ, ਆੜਤੀਆ ਐਸੋਸੀਏਸ਼ਨ ਦੇ ਨੁਮਾਇੰਦਿਆਂ ਅਤੇ ਕਿਸਾਨਾਂ ਨਾਲ ਮੀਟਿੰਗ ਕੀਤੀ ਗਈ। ਇਸ ਦੌਰਾਨ ਉਨ੍ਹਾਂ ਕਿਸਾਨਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਤੇ ਕੀਮਤੀ ਸੁਝਾਅ ਵੀ ਲਏ। ਉਨ੍ਹਾਂ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਲਿਫਟਿੰਗ ਦੇ ਅਦਾਇਗੀ ਸਮੇਂ ਅਨੁਸਾਰ ਜਲਦ ਤੋਂ ਜਲਦ ਕਰਵਾਈ ਜਾਵੇ ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਾ ਆਵੇ।

ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਕਿਹਾ ਕਿ ਰਾਤ ਸਮੇਂ ਕਬਾਇਨਾਂ ਨਾਲ ਝੋਨੇ ਦੀ ਕਟਾਈ ਨਾ ਕੀਤੀ ਜਾਵੇ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਝੋਨੇ ਦੀ ਪਰਾਲੀ ਤੇ ਰਹਿੰਦ-ਖੂਹੰਦ ਨੂੰ ਅੱਗ ਨਾ ਲਗਾਈ ਜਾਵੇ ਤੇ ਵੱਖ-ਵੱਖ ਤਰੀਕਿਆਂ ਰਾਹੀਂ ਉਸਨੂੰ ਵਰਤੋਂ ਵਿੱਚ ਲਿਆਂਦਾ ਜਾਵੇ।

ਇਸ ਮੌਕੇ ਜ਼ਿਲ੍ਹਾ ਫੂਡ ਸਪਲਾਈ ਅਫ਼ਸਰ ਸ੍ਰੀਮਤੀ ਗੀਤੂ ਬਿਸ਼ੰਬੂ., ਐਸ.ਡੀ.ਐਮ ਜਲਾਲਾਬਾਦ ਸ. ਪ੍ਰਿਥੀ ਸਿੰਘ ਤੋਂ ਇਲਾਵਾ ਵੱਖ-ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀ, ਆੜਤੀਆ ਐਸੋਸੀਏਸ਼ਨ ਦੇ ਪ੍ਰਧਾਨ ਸ. ਜਰਨੈਲ ਸਿੰਘ ਤੇ ਚੰਦਰ ਪ੍ਰਕਾਸ਼, ਸ਼ੈਲਰ ਐਸੋਸੀਏਸ਼ਨ ਦੇ ਨੁਮਾਇੰਦੇ ਅਤੇ ਭਾਰੀ ਗਿਣਤੀ 'ਚ ਕਿਸਾਨ ਮੌਜੂਦ ਸਨ।